ਗਉੜੀ ਮਾਝ ਮਹਲਾ ੫ ॥ ਸੁਣਿ ਸੁਣਿ ਸਾਜਨ ਮਨ ਮਿਤ ਪਿਆਰੇ ਜੀਉ ॥ ਮਨੁ ਤਨੁ ਤੇਰਾ ਇਹੁ ਜੀਉ ਭਿ ਵਾਰੇ ਜੀਉ ॥ ਵਿਸਰੁ ਨਾਹੀ ਪ੍ਰਭ ਪ੍ਰਾਣ ਅਧਾਰੇ ਜੀਉ ॥ ਸਦਾ ਤੇਰੀ ਸਰਣਾਈ ਜੀਉ ॥੧॥ ਜਿਸੁ ਮਿਲਿਐ ਮਨੁ ਜੀਵੈ ਭਾਈ ਜੀਉ ॥ ਗੁਰ ਪਰਸਾਦੀ ਸੋ ਹਰਿ ਹਰਿ ਪਾਈ ਜੀਉ ॥ ਸਭ ਕਿਛੁ ਪ੍ਰਭ ਕਾ ਪ੍ਰਭ ਕੀਆ ਜਾਈ ਜੀਉ ॥ ਪ੍ਰਭ ਕਉ ਸਦ ਬਲਿ ਜਾਈ ਜੀਉ ॥ ੨॥ ਏਹੁ ਨਿਧਾਨੁ ਜਪੈ ਵਡਭਾਗੀ ਜੀਉ ॥ ਨਾਮ ਨਿਰੰਜਨ ਏਕ ਲਿਵ ਲਾਗੀ ਜੀਉ ॥ ਗੁਰੁ ਪੂਰਾ ਪਾਇਆ ਸਭੁ ਦੁਖੁ ਮਿਟਾਇਆ ਜੀਉ ॥ ਆਠ ਪਹਰ ਗੁਣ ਗਾਇਆ ਜੀਉ ॥ ੩॥ ਰਤਨ ਪਦਾਰਥ ਹਰਿ ਨਾਮੁ ਤੁਮਾਰਾ ਜੀਉ ॥ ਤੂੰ ਸਚਾ ਸਾਹੁ ਭਗਤੁ ਵਣਜਾਰਾ ਜੀਉ ॥ ਹਰਿ ਧਨੁ ਰਾਸਿ ਸਚੁ ਵਾਪਾਰਾ ਜੀਉ ॥ ਜਨ ਨਾਨਕ ਸਦ ਬਲਿਹਾਰਾ ਜੀਉ ॥੪॥੩॥੧੬੮॥ {ਪੰਨਾ 217}

ਪਦਅਰਥ:- ਸਾਜਨ—ਹੇ ਸੱਜਣ ਹਰੀ! ਮਨ ਮਿਤ—ਹੇ ਮੇਰੇ ਮਨ ਦੇ ਮਿੱਤਰ ਹਰੀ! ਜੀਉ ਭਿ—ਜਿੰਦ ਭੀ। ਵਾਰੇ—ਸਦਕੇ। ਪ੍ਰਾਣ ਅਧਾਰੇ—ਹੇ ਮੇਰੀ ਜਿੰਦ ਦੇ ਆਸਰੇ!।1।

ਮਨੁ ਜੀਵੈ—ਮਨ ਜਿਊਂ ਪੈਂਦਾ ਹੈ, ਆਤਮਕ ਜੀਵਨ ਮਿਲ ਜਾਂਦਾ ਹੈ। ਭਾਈ—ਹੇ ਭਾਈ! ਪਰਸਾਦੀ—ਪਰਸਾਦਿ, ਕਿਰਪਾ ਨਾਲ। ਪਾਈ—ਪਾਈਂ, ਮੈਂ ਪਾਂਦਾ ਹਾਂ, ਮੈਂ ਪ੍ਰਾਪਤ ਕਰਦਾ ਹਾਂ। ਕੀਆ—ਦੀਆਂ। ਜਾਈ—ਸਾਰੀਆਂ ਥਾਵਾਂ। ਕਉ—ਨੂੰ, ਤੋਂ। ਬਲਿ ਜਾਈ—ਮੈਂ ਕੁਰਬਾਨ ਜਾਂਦਾ ਹਾਂ।2।

ਨਿਧਾਨੁ—ਖ਼ਜ਼ਾਨਾ। ਲਿਵ—ਲਗਨ।3।

ਸਚਾ—ਸਦਾ ਕਾਇਮ ਰਹਿਣ ਵਾਲਾ। ਸਾਹੁ—ਸਾਹੂਕਾਰ। ਵਣਜਾਰਾ—ਵਪਾਰੀ। ਰਾਸਿ—ਪੂੰਜੀ, ਸਰਮਾਇਆ। ਸਚੁ—ਸਦਾ ਟਿਕੇ ਰਹਿਣ ਵਾਲਾ।4।

ਅਰਥ:- ਹੇ ਮੇਰੇ ਪਿਆਰੇ ਸੱਜਣ ਪ੍ਰਭੂ! ਹੇ ਮੇਰੇ ਮਨ ਦੇ ਮਿੱਤਰ ਪ੍ਰਭੂ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! (ਮੇਰੀ ਬੇਨਤੀ) ਧਿਆਨ ਨਾਲ ਸੁਣ। (ਮੇਰਾ ਇਹ) ਮਨ ਤੇਰਾ ਦਿੱਤਾ ਹੋਇਆ ਹੈ, (ਮੇਰਾ ਇਹ) ਸਰੀਰ ਤੇਰਾ ਦਿੱਤਾ ਹੋਇਆ ਹੈ, ਮੇਰੀ ਇਹ ਜਿੰਦ ਭੀ ਤੇਰੀ ਹੀ ਦਿੱਤੀ ਹੋਈ ਹੈ। ਮੈਂ (ਇਹ ਸਭ ਕੁਝ ਤੈਥੋਂ) ਕੁਰਬਾਨ ਕਰਦਾ ਹਾਂ, ਮੈਨੂੰ ਭੁਲ ਨਾਹ, ਮੈਂ ਸਦਾ ਤੇਰੀ ਸਰਨ ਪਿਆ ਰਹਾਂ।1।

ਹੇ ਭਾਈ! ਜਿਸ ਹਰਿ-ਪ੍ਰਭੂ ਨੂੰ ਮਿਲਿਆਂ ਆਤਮਕ ਜੀਵਨ ਲੱਭ ਪੈਂਦਾ ਹੈ, ਉਹ ਹਰਿ-ਪ੍ਰਭੂ ਗੁਰੂ ਦੀ ਕਿਰਪਾ ਨਾਲ ਹੀ ਮਿਲ ਸਕਦਾ ਹੈ। (ਹੇ ਭਾਈ! ਮੇਰਾ ਮਨ ਤਨ) ਸਭ ਕੁਝ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ, (ਜਗਤ ਦੀਆਂ) ਸਾਰੀਆਂ ਥਾਵਾਂ ਪ੍ਰਭੂ ਦੀਆਂ ਹੀ ਹਨ, ਮੈਂ ਸਦਾ ਉਸ ਪ੍ਰਭੂ ਤੋਂ ਹੀ ਸਦਕੇ ਜਾਂਦਾ ਹਾਂ।2।

(ਹੇ ਭਾਈ! ਪਰਮਾਤਮਾ ਦਾ) ਇਹ (ਨਾਮ ਸਾਰੇ ਪਦਾਰਥਾਂ ਦਾ) ਖ਼ਜ਼ਾਨਾ (ਹੈ ਕੋਈ) ਭਾਗਾਂ ਵਾਲਾ ਮਨੁੱਖ ਇਹ ਨਾਮ (ਜਪਦਾ ਹੈ, ਪਵਿੱਤ੍ਰ-ਸਰੂਪ ਪ੍ਰਭੂ ਦੇ ਨਾਮ ਨਾਲ (ਉਸ ਵਡਭਾਗੀ ਮਨੁੱਖ ਦੀ) ਲਗਨ ਲੱਗ ਜਾਂਦੀ ਹੈ। (ਜਿਸ ਵਡਭਾਗੀ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਹਰੇਕ ਕਿਸਮ ਦਾ ਦੁੱਖ ਦੂਰ ਕਰ ਲੈਂਦਾ ਹੈ, ਉਹ ਅੱਠੇ ਪਹਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ।3।

(ਹੇ ਮੇਰੇ ਪਿਆਰੇ ਸੱਜਣ ਪ੍ਰਭੂ! ਹੇ ਹਰੀ! ਤੇਰਾ ਨਾਮ ਕੀਮਤੀ ਪਦਾਰਥਾਂ (ਦਾ ਸੋਮਾ) ਹੈ। ਹੇ ਹਰੀ! ਤੂੰ ਸਦਾ ਕਾਇਮ ਰਹਿਣ ਵਾਲਾ (ਉਹਨਾਂ ਰਤਨ-ਪਦਾਰਥਾਂ ਦਾ) ਸਾਹੂਕਾਰ ਹੈਂ, ਤੇਰਾ ਭਗਤ (ਉਹਨਾਂ ਰਤਨ ਪਦਾਰਥਾਂ ਦਾ) ਵਣਜ ਕਰਨ ਵਾਲਾ ਹੈ। ਹੇ ਹਰੀ! ਤੇਰਾ ਨਾਮ-ਧਨ (ਤੇਰੇ ਭਗਤ ਦਾ) ਸਰਮਾਇਆ ਹੈ, ਤੇਰਾ ਭਗਤ ਇਹੀ ਸਦਾ-ਥਿਰ ਰਹਿਣ ਵਾਲਾ ਵਣਜ ਕਰਦਾ ਹੈ। ਹੇ ਦਾਸ ਨਾਨਕ! (ਆਖ—ਹੇ ਹਰੀ!) ਮੈਂ (ਤੈਥੋਂ ਤੇ ਤੇਰੇ ਭਗਤ ਤੋਂ) ਸਦਾ ਕੁਰਬਾਨ ਜਾਂਦਾ ਹਾਂ।4।3। 168।